ਵੱਲ,

Principal,
Jai Tulsi Anuvrat School,
Rampura-Mehraj Road, Mehraj.

ਨੰਬਰ: 6766 ਮਿਤੀ: 11/10/2023

ਵਿਸ਼ਾ:- ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ। (ਸਾਲ 2023-24) Jai Tulsi Anuvrat School, Rampura-Mehraj Road, Mehraj.

ਹਵਾਲਾ:- ਆਪ ਦਾ ਪੱਤਰ ਨੰ: JTA/23/224 ਮਿਤੀ: 11.10.2023 ਦੇ ਸਬੰਧ ਵਿੱਚ।

ਉਪਰੋਕਤ ਹਵਾਲੇ ਅਧੀਨ ਪੱਤਰ ਰਾਹੀਂ ਆਪ ਵੱਲੋਂ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2023-24 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪਦੇ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਹਨਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2023-24 ਦਾ ਸਕੂਲ ਬਿਲਡਿੰਗ ਸੇਫਟੀ-ਸਰਟੀਫਿਕੇਟ ਮਿਤੀ: 14.03.2024 ਤੱਕ ਜਾਰੀ ਕੀਤਾ ਜਾਂਦਾ ਹੈ:-

1) ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿਚੋਂ ਸੁਰਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।

2) ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।

3) ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

4) ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।

5) ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।

6) ਕੀਤਾਵ ਆਰਕੀਟੈਕਟ (ਸ੍ਰੀ ਹਰਵਿੰਦਰ ਸਿੰਘ) ਵੱਲੋਂ ਮਿਤੀ: 24.04.2023 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2023-24 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।

7) ਸਕੂਲ ਨੂੰ ਸਟਾਫ਼ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।

8) ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ ਨੰ. 1744606 ਮਿਤੀ: 10.10.2023 ਰਾਹੀਂ ਦਸ ਹਜ਼ਾਰ ਰੁਪਏ (10,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 14.03.2024 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜਿੰਮੇਵਾਰ ਹੋਵੇਗਾ।

9) ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 14.03.2024 ਤੱਕ ਵੈਲਿਡ ਹੈ। ਜੇਕਰ ਸੰਕੂਲ ਪ੍ਰਬੰਧਨ ਵੱਲੋਂ ਫਾਇਰ ਸੇਫਟੀ ਸਰਟੀਫਿਕੇਟ 31-03-2024 ਤੱਕ ਲਈ ਰੀਨਿਊ ਕਰਵਾ ਲਿਆ ਜਾਂਦਾ ਹੈ ਤਾਂ ਬਿਲਡਿੰਗ ਸੇਫਟੀ ਸਰਟੀਫਿਕੇਟ (ਬਿਨ੍ਹਾਂ ਦੁਬਾਰਾ ਇੰਸਪੈਕਸ਼ਨ ਫੀਸ ਜਮ੍ਹਾਂ ਕਰਵਾਏ) ਮਿਤੀ 14.03.2024 ਤੱਕ ਵੈਲਿਡ ਮੰਨਿਆ ਜਾਵੇਗਾ।

ਨੱਥੀ/ਨਕਸ਼ਾ

ਕਾਰਜਕਾਰੀ ਇੰਜੀਨੀਅਰ,
ਪ੍ਰੋਵਿ:ਮੰਡਲ ਭ ਤੇ ਮ ਸ਼ਾਖਾ,
ਬਠਿੰਡਾ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਰਾਮਪੁਰਾਫੂਲ ਨੂੰ ਉਹਨਾਂ ਦੇ ਪੱਤਰ ਨੰ.2083 ਮਿਤੀ: 11.10.2023 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।